**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

https://sssb.punjab.gov.in

**ਸ਼ੁੱਧੀ ਪੱਤਰ**

1.0 ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਵੱਲੋਂ ਇਸ਼ਤਿਹਾਰ ਨੰ. 14 ਆਫ 2025 ਰਾਹੀਂ ਸਟੈਨੋਟਾਈਪਿਸਟ ਦੀਆਂ ਅਸਾਮੀਆਂ (ਗਰੁੱਪ-ਸੀ) ਪ੍ਰਕਾਸ਼ਿਤ ਕੀਤੀਆਂ ਗਈਆਂ ਹਨ। ਇਸ ਇਸ਼ਤਿਹਾਰ ਦੇ ਨੁਕਤਾ ਨੰ: 11 ਅਧੀਨ ਦਰਸਾਈ **ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ** ਨੂੰ ਹੁਣ ਹੇਠ ਅਨੁਸਾਰ ਪੜ੍ਹਿਆ ਜਾਵੇ।

"11. **ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ**:-

1. **ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ** Objective Type {Multiple Choice Question (MCQ)} **ਲਿਖਤੀ ਪ੍ਰੀਖਿਆ ਲਈ ਜਾਵੇਗੀ।**
2. **ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਮਿਤੀ**: 28.10.2022 **ਰਾਹੀ ਜਾਰੀ ਹਦਾਇਤਾਂ ਅਨੁਸਾਰ ਉਮੀਦਵਾਰਾਂ ਨੂੰ ਦਸਵੀਂ ਪੱਧਰ ਦੇ ਪੰਜਾਬੀ ਵਿਸ਼ੇ ਦੀ ਅਧੀਨ ਸੇਵਾਵਾਂ ਚੋਣ ਬੋਰਡ ਵੱਲੋਂ ਲਈ ਜਾਣ ਵਾਲੀ ਲਿਖਤੀ ਪ੍ਰੀਖਿਆ ਵਿੱਚੋਂ** 50% **ਅੰਕ ਪ੍ਰਾਪਤ ਕਰਨੇ ਲਾਜ਼ਮੀ ਹਨ। ਇਹ ਪ੍ਰੀਖਿਆ** qualifying nature **ਦੀ ਹੋਵੇਗੀ।**
3. **ਜਿਹੜੇ ਉਮੀਦਵਾਰ ਪੰਜਾਬੀ ਵਿਸ਼ੇ ਤੇ ਲਈ ਜਾਣੀ ਪ੍ਰੀਖਿਆ ਵਿੱਚ** qualify **ਕਰਨਗੇ ਉਹਨਾਂ ਉਮੀਦਵਾਰਾਂ ਦਾ ਪੰਜਾਬੀ ਸਟੈਨੋਗ੍ਰਾਫੀ ਡਿਕਟੇਸ਼ਨ ਟੈਸਟ** 80 **ਸ਼ਬਦ** ਪ੍ਰਤੀ **ਮਿੰਟ ਦੀ ਸਪੀਡ ਤੇ ਲਿਆ ਜਾਵੇਗਾ ਅਤੇ ਇਸ ਟੈਸਟ ਲਈ ਕੁੱਲ** 400 **ਸਬਦ** (200-200 **ਸ਼ਬਦ ਦੇ ਦੋ ਪੈਰ੍ਹੇ) ਹੋਣਗੇ, ਜਿਸ ਨੂੰ** 15 **ਸ਼ਬਦ** ਪ੍ਰਤੀ **ਮਿੰਟ** ਦੇ ਹਿਸਾਬ ਨਾਲ ਟਰਾਂਸਕਰਾਈਬ ਕਰਨਾ ਹੋਵੇਗਾ ਅਤੇ 8 ਪ੍ਰਤੀਸ਼ਤ ਗਲਤੀਆਂ ਮੁਆਫ ਕਰਨ ਯੋਗ ਹੋਣਗੀਆਂ।
4. ਪੰਜਾਬੀ ਸਟੈਨੋਗ੍ਰਾਫੀ ਵਿੱਚ ਪ੍ਰਾਪਤ ਅੰਕਾਂ ਮੁਤਾਬਕ ਮੈਰਿਟ ਸੂਚੀ ਤਿਆਰ ਕੀਤੀ ਜਾਵੇਗੀ। ਜੇਕਰ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿੱਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

5. ਲਿਖਤੀ ਪ੍ਰੀਖਿਆ ਲਈ ਰੋਲ ਨੰਬਰ, ਸਿਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ http://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

6. ਮੈਰਿਟ ਸੂਚੀ ਅਨੁਸਾਰ ਭੇਜੀਆਂ ਜਾਣ ਵਾਲੀਆਂ ਸਿਫਾਰਸ਼ਾਂ ਪ੍ਰੈਫਰੈਂਸ ਕਮ ਮੈਰਿਟ ਦੇ ਅਧਾਰ ਤੇ ਤਿਆਰ ਕੀਤੀਆਂ ਜਾਣਗੀਆਂ।"

2.0 ਇਸ ਇਸ਼ਤਿਹਾਰ ਦੀਆਂ ਅਸਾਮੀਆਂ ਲਈ ਹੁਣ ਆਨਲਾਈਨ ਅਪਲਾਈ ਕਰਨ ਦੀ ਮਿਤੀਆਂ ਵਿੱਚ ਹੇਠ ਦਿੱਤੇ ਅਨੁਸਾਰ ਵਾਧਾ ਕੀਤਾ ਜਾਂਦਾ ਹੈ:

| | | |
|---|---|---|
| ਆਨ-ਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ | : | 16.01.2026 |
| ਫੀਸ ਜਮ੍ਹਾਂ ਕਰਨ ਦੀ ਆਖਰੀ ਮਿਤੀ | : | 19.01.2026 |

3.0 ਉਮੀਦਵਾਰ ਨੂੰ **ਹਦਾਇਤ ਕੀਤੀ ਜਾਂਦੀ ਹੈ ਕਿ** ਮਿਤੀ 28.11.2025 ਨੂੰ ਬੋਰਡ ਦੀ ਵੈਬਸਾਇਟ ਤੇ ਪ੍ਰਕਾਸ਼ਿਤ ਇਸ਼ਤਿਹਾਰ ਨੰ. 14 ਆਫ 2025 ਸਟੈਨੋਟਾਈਪਿਸਟ ਵਿੱਚ ਦਰਸਾਈਆਂ ਬਾਕੀ ਸ਼ਰਤਾਂ ਅਤੇ ਬੰਨ੍ਹਾਂ ਲਾਗੂ ਰਹਿਣ ਗਈਆਂ।

4..0 ਉਮੀਦਵਾਰ ਇਸ ਇਸ਼ਤਿਹਾਰ ਦੀ ਤਾਜ਼ਾ ਜਾਣਕਾਰੀ ਲਈ ਬੋਰਡ ਦੀ ਵੈਬਸਾਈਟ ਸਮੇਂ ਸਮੇਂ ਤੇ ਚੈੱਕ ਕਰਦੇ ਰਹਿਣ।

ਸਹੀ/-
ਸਹਾਇਕ ਡਾਇਰੈਕਟਰ
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

ਸਥਾਨ: ਐਸ.ਏ.ਐਸ. ਨਗਰ
ਮਿਤੀ: 26.12.2025